**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ**

ਹੁਕਮ ਨੰ: 07/07-2015 ਕੋ:ਸੈਲ:3
ਮਿਤੀ, ਐਸ.ਏ.ਐਸ.ਨਗਰ :- 27.01.2016

ਸ੍ਰੀਮਤੀ ਪਰਮਜੀਤ ਕੌਰ, ਲੈਕਚਰਾਰ ਇਤਿਹਾਸ, ਸਸਸਸ ਲੋਹੀਆਂ ਖਾਸ, ਜ਼ਿਲ੍ਹਾ ਜਲੰਧਰ ਜੋ ਮਿਤੀ 01-12-1996 ਤੋਂ ਆਪਣੀ ਰਿਟਾਇਰਮੈਂਟ ਦੀ ਮਿਤੀ 30-04-14 ਤੱਕ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲਦੀ ਰਹੀ ਹੈ , ਮਿਤੀ 30.04.14 ਨੂੰ In-absentia ਰਿਟਾਇਰ ਹੋ ਚੁੱਕੀ ਹੈ। ਗੈਰ ਹਾਜ਼ਰ ਕਰਮਚਾਰਨ ਨੂੰ ਸਰਕਾਰ ਦੇ ਹੁਕਮ ਨੰ: 7/26/11-5ਸਿ2/886 ਮਿਤੀ 15.02.14/18.03.14 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ।

ਇਸ ਕਰਮਚਾਰਨ ਨੂੰ ਦਫਤਰ ਦੇ ਪੱਤਰ ਨੰ:7/7-15 ਕੋ:ਸੈਲ:3/18301-02 ਮਿਤੀ 24.09.15 ਰਾਹੀਂ ਨਿਜੀ ਸੁਣਵਾਈ ਲਈ ਮਿਤੀ 30.10.15 ਨੂੰ ਸਵੇਰੇ 11:00 ਵਜੇ ਦਫਤਰ ਡੀ.ਪੀ.ਆਈ(ਸੈਸਿ) ਪੰਜਾਬ, ਐਸ.ਏ.ਐਸ ਨਗਰ ਵਿਖੇ ਬੁਲਾਇਆ ਗਿਆ ਪਰ ਇਹ ਕਰਮਚਾਰਨ ਨਿਜੀ ਸੁਣਵਾਈ ਲਈ ਹਾਜਰ ਨਹੀਂ ਹੋਈ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ੍ਰੀਮਤੀ ਪਰਮਜੀਤ ਕੌਰ, ਲੈਕਚਰਾਰ ਇਤਿਹਾਸ, ਸਸਸਸ ਲੋਹੀਆਂ ਖਾਸ, ਜ਼ਿਲ੍ਹਾ ਜਲੰਧਰ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 15.12.15 ਨੂੰ ਅਜੀਤ ਅਖਬਾਰ ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 22 ਤੇ ਕਰਮਚਾਰਨ ਦਾ ਨਾਮ ਦਰਸਾਇਆ ਗਿਆ। ਇਸ ਪਬਲਿਕ ਨੋਟਿਸ ਰਾਹੀਂ ਇਸ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਨੂੰ ਮੁਕੰਮਲ ਕਰਦੇ ਹੋਏ ਉਸ ਦੀਆਂ ਸੇਵਾਵਾਂ ਪੰਜਾਬ ਸਿਵਲ ਸਰਵਿਸਿਜ਼ ਰੂਲਜ਼ ਵਾਲਿਯੂਮ-2 ਦੇ ਨਿਯਮ 3.17 ਏ-2 ਤਹਿਤ forfeit ਕਰ ਦਿੱਤੀਆਂ ਜਾਣਗੀਆਂ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਵੀ ਕਰਮਚਾਰਨ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ੍ਰੀਮਤੀ ਪਰਮਜੀਤ ਕੌਰ, ਲੈਕਚਰਾਰ ਇਤਿਹਾਸ, ਸਸਸਸ ਲੋਹੀਆਂ ਖਾਸ, ਜ਼ਿਲ੍ਹਾ ਜਲੰਧਰ ਦੇ ਮਿਤੀ 01-12-1996 ਤੋਂ ਲੈ ਕੇ retirement ਦੀ ਮਿਤੀ 30-04-2014 ਤੱਕ ਲਗਾਤਾਰ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸਰਵਿਸਿਜ਼ ਰੂਲਜ਼ ਵਾਲਿਯੂਮ-2 ਦੇ ਨਿਯਮ 3.17 ਏ-2 ਅਧੀਨ ਇਸ ਦੀਆਂ ਸੇਵਾਵਾਂ forfeit ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 2848-51 ਮਿਤੀ, ਐਸ.ਏ.ਐਸ.ਨਗਰ :- 15/2/16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. (ਰਜਿ) ਜਿਲਾ ਸਿੱਖਿਆ ਅਫਸਰ (ਸੈ:ਸਿ), ਜਲੰਧਰ ਨੂੰ ਕਰਮਚਾਰਨ ਦੀ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ/ਮੁੱਖਅਧਿਆਪਕ, ਸਸਸਸ ਲੋਹੀਆਂ ਖਾਸ, ਜ਼ਿਲ੍ਹਾ ਜਲੰਧਰ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ੍ਰੀਮਤੀ ਪਰਮਜੀਤ ਕੌਰ, ਲੈਕਚਰਾਰ ਇਤਿਹਾਸ, ਸਸਸਸ ਲੋਹੀਆਂ ਖਾਸ, ਜ਼ਿਲ੍ਹਾ ਜਲੰਧਰ।

ਨੱਥੀ: ਸੇਵਾਪੱਤਰੀ(ਅਸਲ)

ਸੁਪਰਡੰਟ ਕੋਆਰਡੀਨੇਸ਼ਨ ਸੈਲ